

ਅਜੀਤ, ਬਠਿੰਡਾ
ਮੋਗਾ ਅਜੀਤ
ਸੋਮਵਾਰ, 20 ਅਕਤੂਬਰ 2025








ਪ੍ਰੋਗਰਾਮ ਦੇ ਸਨਮਾਨ ਸਮਾਗਮ ਸਮੇਂ ਡਾ. ਚਮਨ ਲਾਲ ਸਚਦੇਵਾ, ਵਿਦਿਆਰਥੀ ਤੇ ਸਟਾਫ਼। ਤਸਵੀਰ: ਹਰਦੇਵ ਸਿੰਘ ਮਾਨ

# ਅਜੀਤਵਾਲ ਕਾਲਜ ਵਿਖੇ ਦੀਵਾਲੀ ਤੇ ਫਰੈਸ਼ਰ ਪਾਰਟੀ ਕਰਵਾਈ

ਅਜੀਤਵਾਲ, 19 ਅਕਤੂਬਰ (ਹਰਦੇਵ ਸਿੰਘ ਮਾਨ)- ਲਾਲਾ ਲਾਜਪਤ ਰਾਏ ਮੈਮੋਰੀਅਲ ਗਰੁੱਪ ਆਫ਼ ਕਾਲਜਿਜ਼ ਅਜੀਤਵਾਲ (ਮੋਗਾ) ਵਿਖੇ ਦੀਵਾਲੀ ਤੇ ਫਰੈਸ਼ਰ ਸੈਟ-ਟੂ-ਗੇਦਰ ਦੇ ਪ੍ਰੋਗਰਾਮ ਵਿਚ ਵਿਦਿਆਰਥੀਆਂ ਨੇ ਖ਼ੁਸ਼ੀਆਂ ਮਨਾਉਂਦਿਆਂ ਗੀਤ, ਕਵਿਤਾਵਾਂ, ਗਿੱਧਾ ਭੰਗੜਾ ਆਦਿ ਨਾਲ ਰੰਗ ਬੰਨ੍ਹਿਆ। ਪ੍ਰੋਗਰਾਮ ਦੀ ਸ਼ੁਰੂਆਤ ਸੰਸਥਾ ਦੇ ਡਾਇਰੈਕਟਰ ਡਾ. ਚਮਨ ਲਾਲ ਸਚਦੇਵਾ ਨੇ ਰੀਬਨ ਕੱਟ ਕੇ ਕੀਤੀ ਤੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਦੀਵਾਲੀ ਨੂੰ ਸਾਂਝੀਵਾਲਤਾ ਦਾ ਪ੍ਰਤੀਕ ਦੱਸਦਿਆਂ ਕਿਹਾ ਕਿ ਇਹ ਤਿਉਹਾਰ ਸਾਰੇ ਰਾਜ, ਸਾਰੇ ਧਰਮਾਂ ਵਲੋਂ ਮਿਲ ਕੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗੀਤਾਂ ਉੱਪਰ ਗਰੁੱਪ ਡਾਂਸ ਤੇ ਸੋਲੋ ਡਾਂਸ ਦਾ ਵਧੀਆ ਪ੍ਰਦਰਸ਼ਨ ਕੀਤਾ। ਵਿਦਿਆਰਥੀ ਜਸਕਰਨ ਸਿੰਘ ਨੇ ਗੀਤ ਅਤੇ ਨਵਦੀਪ ਕੁਮਾਰੀ ਨੇ ਸ਼ਾਇਰੀ, ਵਿਦਿਆਰਥਣ ਮਹਿਕਪ੍ਰੀਤ, ਬੀਨਾ ਰਾਣੀ ਤੇ ਸਿਮਰਨਪ੍ਰੀਤ ਕੌਰ ਆਦਿ ਨੇ ਪ੍ਰੋਗਰਾਮ ਦੇ ਉੱਤਮ ਨਾਚ ਨੇ ਰੰਗ ਬੰਨ੍ਹ ਦਿੱਤਾ। ਮੈਡਮ ਵਿਸ਼ਾਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਉਣ ਵਾਲੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਹਮੇਸ਼ਾ ਪੱਕੇ ਇਰਾਦੇ ਨਾਲ ਇਸ ਮੁਕਾਬਲੇ ਭਰੇ ਜੀਵਨ ਵਿਚ ਲਗਾਤਾਰ ਮਿਹਨਤ ਕਰ ਕੇ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਬਾਰੇ ਪ੍ਰੇਰਿਆ। ਇਸ ਮੌਕੇ ਨਵਦੀਪ ਕੁਮਾਰ ਨੂੰ ਮਿਸਟਰ ਫਰੈਸ਼ਰ ਅਤੇ ਮਹਿਕਦੀਪ ਕੌਰ ਨੂੰ ਮਿਸ ਫਰੈਸ਼ਰ ਵਜੋਂ ਸਨਮਾਨਿਤ ਕੀਤਾ ਗਿਆ।

# ਪਿੰਡ ਸੇਖਾ ਕਲਾਂ ਵਿਖੇ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੈਡੀਕਲ ਕੈਂਪ ਵਿਚ 530 ਮਰੀਜ਼ਾਂ ਦੀ ਜਾਂਚ

## 35 ਮਰੀਜ਼ਾਂ ਨੂੰ ਪਾਏ ਗਏ ਮੁਫ਼ਤ ਲੈਨਜ਼-ਮੈਡਮ ਢਿੱਲੋਂ

ਠੱਠੀ ਭਾਈ, 19 ਅਕਤੂਬਰ (ਜਗਰੂਪ ਸਿੰਘ ਮਠਾੜੂ)- ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਵਾਸੀ ਭਾਰਤੀ ਸੁਖਵੀਰ ਸਿੰਘ ਸੁੱਖਾ ਕੈਨੇਡੀਅਨ, ਪਰਮਜੀਤ ਸਿੰਘ ਸਿੱਧੂ ਅਤੇ ਮੈਡਮ ਦਲਵਿੰਦਰ ਢਿੱਲੋਂ ਨਿਊਜ਼ੀਲੈਂਡ ਵਲੋਂ ਸਮਾਜ ਸੇਵੀ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਮਾਤਾ ਗੁਜ਼ਰ ਕੌਰ ਪਾਰਕ ਪ੍ਰਬੰਧਕ ਕਮੇਟੀ, ਸਮਾਜ ਸੇਵੀ ਸੁਖਦੇਵ ਸਿੰਘ ਸਿੱਧੂ ਤੇ ਪਿੰਡ ਸੇਖਾ ਕਲਾਂ ਦੇ ਸਮੂਹ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸੁਰਗਾਪੁਰੀ ਵਿਖੇ ਵਿਸ਼ਾਲ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਕੋਟਕਪੂਰਾ ਦੇ ਮਸ਼ਹੂਰ ਅੱਖਾਂ ਦੇ ਮਾਹਿਰ ਡਾ. ਮਹੇਸ਼ ਜਿੰਦਲ ਵਲੋਂ 250 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿਚੋਂ 35 ਮਰੀਜ਼ਾਂ ਦੇ ਮੁਫ਼ਤ ਲੈਨਜ਼ ਪਾਏ ਗਏ। ਇਸ ਤੋਂ ਇਲਾਵਾ ਹੱਡੀਆਂ, ਜੋੜਾਂ ਤੇ ਲਿਗਾਮੈਂਟ ਦੇ ਮਾਹਿਰ ਡਾ. ਦੀਪਾਂਸ਼ੂ ਮਿੱਤਲ ਨੇ 130 ਮਰੀਜ਼ਾਂ ਦੀ ਜਾਂਚ ਕੀਤੀ, ਜਦ ਕਿ ਚਮੜੀ ਰੋਗਾਂ ਦੀ ਮਾਹਿਰ ਡਾ. ਮੈਡਮ ਆਸਥਾ ਅਗਰਵਾਲ ਨੇ 150 ਮਰੀਜ਼ਾਂ ਦੀ ਜਾਂਚ ਕੀਤੀ। ਇਸ ਮੈਡੀਕਲ ਕੈਂਪ ਦੇ ਵਿਸ਼ੇਸ਼ ਉਪਰਾਲੇ ਲਈ ਸਮਾਜ ਸੇਵੀ ਸੁਖਵੀਰ ਸਿੰਘ ਸੁੱਖਾ ਕੈਨੇਡੀਅਨ, ਪਰਮਜੀਤ ਸਿੱਧੂ ਨਿਊਜ਼ੀਲੈਂਡ, ਮੈਡਮ ਦਲਵਿੰਦਰ ਢਿੱਲੋਂ ਨਿਊਜ਼ੀਲੈਂਡ ਤੇ ਸੁਖਦੇਵ ਸਿੰਘ ਸਿੱਧੂ ਸੇਖਾ ਕਲਾਂ ਨੂੰ ਸ਼ਮਸ਼ਾਨਘਾਟ ਪ੍ਰਬੰਧਕ ਕਮੇਟੀ, ਮਾਤਾ ਗੁਜ਼ਰ ਕੌਰ ਪਾਰਕ ਕਮੇਟੀ ਦੇ ਪ੍ਰਧਾਨ ਪਪਨੀ ਸ਼ਰਮਾ, ਗੁਰਦੁਆਰਾ ਬਾਬਾ ਜੀਵਨ ਸਿੰਘ ਪ੍ਰਬੰਧਕ ਕਮੇਟੀ, ਦਰਸ਼ਨ ਸਿੰਘ ਸੋਹੀ ਸਰਪੰਚ ਤੇ ਗਰਾਮ ਪੰਚਾਇਤ, ਸਾਧੂ ਸਿੰਘ ਸੋਹੀ ਪ੍ਰਧਾਨ ਬਾਬਾ ਰੁੱਖੜ ਦਾਸ ਪ੍ਰਬੰਧਕ ਕਮੇਟੀ ਅਤੇ ਹੋਰ ਸੇਵਾਦਾਰਾਂ ਵਲੋਂ ਲੋਈਆਂ, ਸਿਰੋਪਾਉ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕੈਂਪ ਵਿਚ ਕੇਸ਼ਵ ਸ਼ਰਮਾ ਭਦੌੜ ਕੈਨੇਡੀਅਨ, ਸੁਖਚੈਨ ਸਿੰਘ ਫ਼ਰੀਦਕੋਟ, ਪਵਨ ਸਿੰਘ ਫ਼ਰੀਦਕੋਟ, ਡਾ. ਸੁਖਚੈਨ ਸਿੰਘ ਸੂਬਾ, ਸਲਦੀਪ ਸ਼ਰਮਾ ਪਪਨੀ ਪ੍ਰਧਾਨ, ਬਲਵਿੰਦਰ ਸਿੰਘ ਬੱਬੂ ਪ੍ਰਧਾਨ, ਬਲਦੇਵ ਸਿੰਘ ਸਿੱਧੂ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਪਰਮਜੀਤ ਸੰਘਾ, ਡਾ. ਵਰਿੰਦਰ ਅਹੂਜਾ, ਭੁਪਿੰਦਰ ਸਿੰਘ ਨੰਬਰਦਾਰ, ਗਿਆਨੀ ਸੁਖਵਿੰਦਰ ਸਿੰਘ, ਹਰਜਿੰਦਰ ਸਿੰਘ ਬਾਘਾ ਪੁਰਾਣਾ, ਮੈਡਮ ਨੀਤੂ ਸਿੰਘਾਂਵਾਲਾ, ਮੈਡਮ ਜਸਪ੍ਰੀਤ ਕੌਰ ਸੇਖਾ ਕਲਾਂ, ਗੁਰਜੰਟ ਸਿੰਘ ਫ਼ੌਜੀ, ਚਮਕੌਰ ਧਾਲੀਵਾਲ, ਜੀਤੀ, ਬਾਬੂ ਸਿੰਘ ਪੰਚ, ਗੁਰਦਿਆਲ ਸਿੰਘ ਪੰਚ ਡਾ. ਅਜੈਬ ਸਿੰਘ ਸਿੱਧੂ, ਸੁਰਜੀਤ ਡੇਅਰੀ ਵਾਲਾ, ਗੁਰਮੀਤ ਮੀਤਾ, ਸੁਰਜੀਤ ਸੋਨੀ ਡੇਅਰੀ ਵਾਲਾ, ਹਰਨੇਕ ਰਾਜਾ, ਚਮਕੌਰ ਸਿੱਧੂ, ਸਤਨਾਮ ਸਿੰਘ, ਅੰਗਰੇਜ਼ ਸਿੰਘ ਲੀਡਰ, ਗੁਰਚਰਨ ਸਿੰਘ ਖ਼ਾਲਸਾ ਹਾਜ਼ਰ ਸਨ।



ਪਿੰਡ ਸੇਖਾ ਕਲਾਂ ਦੇ ਗੁਰਦੁਆਰਾ ਸੁਰਗਾਪੁਰੀ ਸਾਹਿਬ ਵਿਖੇ ਲਾਏ ਗਏ ਚੌਥੇ ਵਿਸ਼ਾਲ ਮੈਡੀਕਲ ਕੈਂਪ ਦੌਰਾਨ ਡਾਕਟਰਾਂ ਦੀ ਟੀਮ ਨੂੰ ਸਨਮਾਨਿਤ ਕਰਦੇ ਹੋਏ ਸਮਾਜ ਸੇਵੀ ਮੈਡਮ ਦਲਵਿੰਦਰ ਕੌਰ ਢਿੱਲੋਂ ਨਿਊਜ਼ੀਲੈਂਡ, ਸਮਾਜ ਸੇਵੀ ਸੁਖਵੀਰ ਸਿੰਘ ਸੁੱਖਾ ਕੈਨੇਡੀਅਨ, ਪਿੰਡ ਸੇਖਾ ਕਲਾਂ ਦੀਆਂ ਵੱਖ-ਵੱਖ ਪ੍ਰਬੰਧਕ ਕਮੇਟੀਆਂ ਦੇ ਆਗੂ। ਤਸਵੀਰਾਂ: ਜਗਰੂਪ ਸਿੰਘ ਮਠਾੜੂ



ਦਿੱਲੀ ਕਾਨਵੈਂਟ ਸਕੂਲ ਵਿਖੇ ਦੀਵਾਲੀ ਦੇ ਤਿਉਹਾਰ 'ਤੇ ਪ੍ਰਿੰਸੀਪਲ ਨਮਰਤਾ ਭੱਲਾ ਤੇ ਸਟਾਫ਼ ਨੂੰ ਸਨਮਾਨਿਤ ਕਰਨ ਦਾ ਦ੍ਰਿਸ਼। ਤਸਵੀਰ: ਪੋਪਲੀ

# ਦਿੱਲੀ ਕਾਨਵੈਂਟ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਫ਼ਤਿਹਗੜ੍ਹ ਪੰਜਤੂਰ, 19 ਅਕਤੂਬਰ (ਜਸਵਿੰਦਰ ਸਿੰਘ ਪੋਪਲੀ)- ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਦਿੱਲੀ ਕਾਨਵੈਂਟ ਸਕੂਲ ਮੁੰਡੀ ਜਮਾਲ ਫ਼ਤਿਹਗੜ੍ਹ ਪੰਜਤੂਰ ਵਲੋਂ ਦੀਵਾਲੀ ਦਾ ਤਿਉਹਾਰ ਬੜੇ ਹੀ ਧੂਮਧਾਮ ਨਾਲ ਮਨਾਉਂਦਾ ਹੈ। ਇਸ ਵਾਰ ਦੀਵਾਲੀ ਨੂੰ ਮੁੱਖ ਰੱਖਦਿਆਂ ਹੋਇਆ ਸਕੂਲ ਵਿਚ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਤੇ ਸਕੂਲ ਵਲੋਂ ਵੱਖ-ਵੱਖ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ। ਰੰਗੋਲੀ ਮੁਕਾਬਲੇ ਵਿਚ ਅਜਿਲਿਆ ਹਾਊਸ ਪਹਿਲੇ ਸਥਾਨ, ਬਲੂ ਬੈਲ ਹਾਊਸ ਦੂਜੇ ਸਥਾਨ ਤੇ ਮੈਰੀ ਗੋਲਡ ਅਤੇ ਟਿਊਲਿਪ ਤੀਜੇ ਸਥਾਨ 'ਤੇ ਰਿਹਾ। ਕਲਾਸ ਡੈਕੋਰੇਸ਼ਨ ਵਿਚ ਸੱਤਵੀਂ ਜਮਾਤ ਪਹਿਲੇ ਸਥਾਨ, ਤੀਜੀ ਜਮਾਤ ਦੂਜੇ ਸਥਾਨ ਤੇ ਨੌਵੀਂ ਤੇ ਗਿਆਰ੍ਹਵੀਂ ਜਮਾਤ ਤੀਜੇ ਸਥਾਨ 'ਤੇ ਰਹੀ। ਇਸ ਮੌਕੇ ਸਕੂਲ ਦੇ ਚੇਅਰਮੈਨ ਬਲਜੀਤ ਸਿੰਘ, ਪ੍ਰਧਾਨ ਬਲਵਿੰਦਰ ਸਿੰਘ ਅਤੇ ਪ੍ਰਿੰਸੀਪਲ ਮੈਡਮ ਨਮਰਤਾ ਭੱਲਾ ਵਲੋਂ ਸਾਰੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਗਰੀਨ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ।



ਸਾਲਾਨਾ ਧਾਰਮਿਕ ਦੀਵਾਨਾਂ ਮੌਕੇ ਪ੍ਰਵਚਨ ਕਰਦੇ ਹੋਏ ਬੱਧਨੀ ਕਲਾਂ ਵਾਲੇ ਬਾਬੇ ਤੇ ਹਾਜ਼ਰ ਸੰਗਤਾਂ। ਤਸਵੀਰ: ਹਰਜੀਤ ਸਿੰਘ

# ਪ੍ਰਕਾਸ਼ ਦਿਵਸ ਨੂੰ ਸਮਰਪਿਤ 5 ਰੋਜ਼ਾ ਸਾਲਾਨਾ ਧਾਰਮਿਕ ਦੀਵਾਨ ਸਜਾਏ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)- ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਵਸ ਨੂੰ ਸਮਰਪਿਤ 40ਵੇਂ 5 ਰੋਜ਼ਾ ਸਾਲਾਨਾ ਧਾਰਮਿਕ ਦੀਵਾਨ ਗੁਰੂ ਨਾਨਕ ਕਾਲਜ ਦੀ ਗਰਾਊਂਡ ਵਿਚ ਸਜਾਏ ਗਏ ਜਿਸ ਵਿਚ ਅਨੰਦ ਈਸ਼ਵਰ ਦਰਬਾਰ ਠਾਠ ਬੱਧਨੀ ਕਲਾਂ ਵਾਲੇ ਬਾਬਿਆਂ ਵਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਦਾ ਉਪਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖ ਦਾ ਮੁੱਢਲਾ ਫ਼ਰਜ਼ ਹੈ ਕਿ ਉਹ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਬਖ਼ਸ਼ੀ ਅੰਮ੍ਰਿਤ ਦੀ ਦਾਤ ਨੂੰ ਪ੍ਰਾਪਤ ਕਰੇ ਤੇ ਰੋਜ਼ਾਨਾ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰੇ। ਇਸ ਸਮੇਂ ਬਾਬਾ ਗੁਰਬਖ਼ਸ਼ ਸਿੰਘ ਤੇ ਬਾਬਾ ਜਗਤਾਰ ਸਿੰਘ ਨੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਸਮੇਂ ਭਾਈ ਸਤਪਾਲ ਸਿੰਘ ਨੇ ਸਟੇਜ ਸੈਕਟਰੀ ਦੀ ਭੂਮਿਕਾ ਨਿਭਾਈ। ਇਸ ਸਮੇਂ ਭਾਈ ਸੁਰਜੀਤ ਸਿੰਘ ਬੱਧਨੀ, ਬਾਬਾ ਗੁਰਜੀਤ ਸਿੰਘ ਨਾਨਕਸਰ, ਬਾਬਾ ਭਾਗ ਸਿੰਘ ਨਾਨਕਸਰ, ਗੁਰਮੀਤ ਸਿੰਘ ਮੋਹੀ ਨਾਨਕਸਰ, ਸਤਿਨਾਮ ਸਿੰਘ ਕਥਾ ਵਾਚਕ ਸਮਾਧ ਵਾਲੇ, ਮਹੰਤ ਹਰਬੰਸ ਸਿੰਘ, ਸਤਨਾਮ ਸਿੰਘ ਨਾਨਕਸਰ ਸੀਸ ਮਹਿਲ ਵਾਲੇ, ਗੁਰਸੇਵਕ ਸਿੰਘ ਉਭੀ, ਜਰਨੈਲ ਸਿੰਘ, ਜਗਜੀਤ ਸਿੰਘ ਜਜ਼ੀ, ਭੁਪਿੰਦਰ ਸਿੰਘ ਦਿੱਲੀ, ਦਰਸ਼ਨ ਸਿੰਘ ਠਾਠ ਮਾਹਲਾ, ਗੁਰਮੇਲ ਸਿੰਘ ਠਾਠ ਕੁਲਗੜ੍ਹੀ, ਬਲਬੀਰ ਸਿੰਘ ਛੀਨੀਵਾਲ, ਬਾਬਾ ਗੁਰਚਰਨ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਪਾਲ ਸਿੰਘ ਰਾਜੋਆਣਾ, ਭਾਈ ਦਵਿੰਦਰ ਸਿੰਘ ਨਿਰਮਾਣ ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ ਸਾਹਿਬ, ਹੀਰਾ ਸਿੰਘ, ਹਰਜੀਤ ਸਿੰਘ, ਪ੍ਰੀਤਮ ਸਿੰਘ ਵਕੀਲ, ਜਸਵਿੰਦਰ ਸਿੰਘ ਖ਼ਾਲਸਾ, ਮੇਅਰ ਬਲਜੀਤ ਸਿੰਘ ਚਾਨੀ, ਸੰਜੀਤ ਸਿੰਘ ਹਲਕਾ ਇੰਚਾਰਜ ਅਕਾਲੀ ਦਲ, ਸਾਬਕਾ ਐਮ.ਐਲ.ਏ. ਡਾ. ਹਰਜੋਤ ਕਮਲ ਜ਼ਿਲ੍ਹਾ ਪ੍ਰਧਾਨ ਬੀ.ਜੇ.ਪੀ., ਚੇਅਰਮੈਨ ਇੰਦਰਜੀਤ ਸਿੰਘ ਭੰਗੇਰੀਆ, ਮਨਜੀਤ ਸਿੰਘ ਧੰਮੂ, ਚਰਨਜੀਤ ਸਿੰਘ ਝੰਡੇਆਣਾ, ਦਰਸ਼ਨ ਸਿੰਘ ਚੰਦਾਵਾਲੇ, ਮਾਸਟਰ ਸੁਖਦੇਵ ਸਿੰਘ, ਸਤਿੰਦਰਪਾਲ ਸਿੰਘ ਪ੍ਰਧਾਨ, ਅਵਤਾਰ ਸਿੰਘ ਆੜ੍ਹਤੀ, ਚਮਕੌਰ ਸਿੰਘ ਰਣੀਆਂ, ਪਰਮਜੀਤ ਸਿੰਘ ਬਿੱਟੂ, ਡਾ. ਅਵਤਾਰ ਸਿੰਘ ਦੇਵਗਨ, ਡੀ.ਐਸ.ਪੀ. ਜਸਬੀਰ ਸਿੰਘ ਆਦਿ ਹਾਜ਼ਰ ਸਨ।

# ਪਿੰਡ ਠੱਠੀ ਭਾਈ ਵਿਖੇ ਪਹੁੰਚੀ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਦਾ ਬੋਹੜ ਸਿੰਘ ਚੀਮਾ ਦੇ ਗ੍ਰਹਿ ਵਿਖੇ ਹੋਇਆ ਵਿਸ਼ੇਸ਼ ਸਨਮਾਨ

ਠੱਠੀ ਭਾਈ, 19 ਅਕਤੂਬਰ (ਜਗਰੂਪ ਸਿੰਘ ਮਠਾੜੂ)-ਯੂਥ ਅਕਾਲੀ ਦਲ ਦੇ ਸੀਨੀਅਰ ਆਗੂ ਬੋਹੜ ਸਿੰਘ ਚੀਮਾ ਠੱਠੀ ਭਾਈ ਦੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਉੱਚ ਪੱਧਰੀ ਅਗਵਾਈ ਵਾਲੀ ਅਕਾਲੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਹੁੰਚੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਲੋਕ ਸਭਾ ਫ਼ਰੀਦਕੋਟ ਹਲਕਾ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਅਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਸ਼੍ਰੋਮਣੀ ਕਮੇਟੀ ਅਤੇ ਵਰਕਿੰਗ ਕਮੇਟੀ ਮੈਂਬਰ ਜਥੇਦਾਰ ਸੁਖਹਰਪ੍ਰੀਤ ਸਿੰਘ ਰੋਡੇ, ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਅਤੇ ਕੌਮੀ ਮੀਤ ਪ੍ਰਧਾਨ ਸੁਖਚਰਨ ਸਿੰਘ ਛਿੰਦਾ ਠੱਠੀ ਭਾਈ, ਯੂਥ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ, ਸਰਕਲ ਪ੍ਰਧਾਨ ਪ੍ਰਦੀਪ ਸਿੰਘ ਕਿੰਗਰਾ ਅਤੇ ਸਰਕਲ ਪ੍ਰਧਾਨ ਗੁਰਜੀਤ ਸਿੰਘ ਕੋਟਲਾ ਦੀਆਂ ਨਵੀਆਂ ਨਿਯੁਕਤੀਆਂ ਦੀ ਖ਼ੁਸ਼ੀ ਮੌਕੇ ਸਮੁੱਚੀ ਅਕਾਲੀ ਲੀਡਰਸ਼ਿਪ ਨੂੰ ਸਿਰੋਪਾਉ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਕਾਲੀ ਆਗੂਆਂ ਨੇ ਸਾਂਝਾ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਦੇ ਲੋਕਾਂ ਦੀ ਆਵਾਜ਼ ਬਣ ਕੇ ਖੜ੍ਹਾ ਹੈ। ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਵਲੋਂ ਕਿਸਾਨਾਂ, ਮਜ਼ਦੂਰਾਂ ਅਤੇ ਜਵਾਨਾਂ ਨਾਲ ਕੀਤੇ ਜਾ ਰਹੇ ਵਾਅਦੇ ਖੋਖਲੇ ਸਾਬਤ ਹੋ ਰਹੇ ਹਨ ਜਦ ਕਿ ਅਕਾਲੀ ਦਲ ਹੀ ਉਹ ਤਾਕਤ ਹੈ ਜੋ ਪੰਜਾਬ ਦੇ ਹੱਕਾਂ ਦੀ ਰੱਖਿਆ ਕਰ ਸਕਦਾ ਹੈ। ਜਥੇਦਾਰ ਤੀਰਥ ਸਿੰਘ ਮਾਹਲਾ ਤੇ ਰਾਜਵਿੰਦਰ ਸਿੰਘ ਧਰਮਕੋਟ ਨੇ ਕਿਹਾ ਕਿ 2027ਵਿਚ ਸ਼੍ਰੋਮਣੀ ਅਕਾਲੀ ਦਲ ਦੁਬਾਰਾ ਜਨਤਾ ਦੀ ਪਸੰਦ ਬਣੇਗਾ ਕਿਉਂਕਿ ਲੋਕਾਂ ਨੂੰ ਹੁਣ ਸੱਚ ਅਤੇ ਝੂਠ ਵਿਚ ਫ਼ਰਕ ਸਮਝ ਆ ਗਿਆ ਹੈ। ਇਸ ਮੌਕੇ ਬੋਹੜ ਸਿੰਘ ਚੀਮਾ, ਪ੍ਰਗਟ ਸਿੰਘ ਧਾਲੀਵਾਲ ਮਾੜੀ ਮੁਸਤਫ਼ਾ, ਜਸਵਿੰਦਰ ਸਿੰਘ ਆੜ੍ਹਤੀ, ਰਾਜਾ ਚੀਮਾ, ਕਾਲਾ ਡੇਅਰੀ ਵਾਲਾ, ਆੜ੍ਹਤੀ ਭਾਈ ਬਲਤੇਜ ਸਿੰਘ ਖੋਖਰ, ਲਛਮਣ ਸਿੰਘ ਸੈਕਟਰੀ, ਸੀਰਾ ਮਾਨ, ਗੁਰਮੇਲ ਸਿੰਘ ਗਿਆਨੀ, ਜਗਦੇਵ ਸਿੰਘ ਮਾਨ, ਸੁਖਵੰਤ ਸਿੰਘ ਸੁੱਖਾ ਮੈਂਬਰ, ਕੇਵਲ ਸਿੰਘ ਬਰਾੜ, ਅਕਾਲੀ ਵਰਕਰਾਂ ਅਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।



ਪਿੰਡ ਠੱਠੀ ਭਾਈ ਵਿਖੇ ਬੋਹੜ ਸਿੰਘ ਚੀਮਾ ਦੇ ਗ੍ਰਹਿ ਵਿਖੇ ਪਹੁੰਚੀ ਅਕਾਲੀ ਲੀਡਰਸ਼ਿਪ ਨੂੰ ਸਨਮਾਨਿਤ ਕਰਦੇ ਹੋਏ ਰਾਜਾ ਸਿੰਘ ਚੀਮਾ, ਬੋਹੜ ਸਿੰਘ ਚੀਮਾ ਅਤੇ ਅਕਾਲੀ ਵਰਕਰ। ਤਸਵੀਰ: ਜਗਰੂਪ ਸਿੰਘ ਮਠਾੜੂ



ਦੀਵਾਲੀ ਦੇ ਤਿਉਹਾਰ ਮੌਕੇ ਮਿੱਟੀ ਦੇ ਦੀਵੇ ਵੰਡਦੇ ਹੋਏ ਖੱਤਰੀ ਸਭਾ ਦੇ ਮੈਂਬਰ। ਤਸਵੀਰ: ਅਸ਼ੋਕ ਬਾਂਸਲ

# ਦੀਵਾਲੀ ਦੇ ਮੌਕੇ ਖੱਤਰੀ ਸਭਾ ਵਲੋਂ ਵੰਡੇ ਗਏ 3100 ਮਿੱਟੀ ਦੇ ਦੀਵੇ

ਮੋਗਾ, 19 ਅਕਤੂਬਰ (ਅਸ਼ੋਕ ਬਾਂਸਲ)- ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਖੱਤਰੀ ਸਭਾ ਮੋਗਾ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 3100 ਮਿੱਟੀ ਦੇ ਦੀਵੇ ਵੰਡੇ ਗਏ। ਇਹ ਪ੍ਰੋਗਰਾਮ ਗੀਤਾ ਭਵਨ ਮੰਦਰ ਦੇ ਸਾਹਮਣੇ ਕਰਵਾਇਆ ਜਿਸ ਦੀ ਅਗਵਾਈ ਚੇਅਰਮੈਨ ਪਵਨ ਕੌੜਾ ਅਤੇ ਪ੍ਰਧਾਨ ਨਾਨਕ ਚੋਪੜਾ ਨੇ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਵਰਿੰਦਰ ਕੌੜਾ ਅਤੇ ਪ੍ਰਧਾਨ ਨਾਨਕ ਚੋਪੜਾ ਨੇ ਕਿਹਾ ਕਿ ਦੀਵਾਲੀ ਦੀਪਾਂ ਦਾ ਤਿਉਹਾਰ ਹੈ, ਜੋ ਸਦੀਆਂ ਤੋਂ ਮਿੱਟੀ ਦੇ ਦੀਵੇ ਜਲਾ ਕੇ ਮਨਾਈ ਜਾਂਦੀ ਹੈ ਅਤੇ ਸਾਰੇ ਸੰਸਾਰ ਨੂੰ ਰੌਸ਼ਨੀ ਨਾਲ ਪ੍ਰਕਾਸ਼ਮਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਚਾਹੀਦਾ ਹੈ ਕਿ ਚੀਨੀ ਲੜੀਆਂ ਦੀ ਥਾਂ ਸਥਾਨਕ ਕਾਰੀਗਰਾਂ ਵਲੋਂ ਬਣਾਏ ਮਿੱਟੀ ਦੇ ਦੀਵੇ ਜਲਾਏ ਜਾਣ, ਜਿਸ ਨਾਲ ਸਾਡੀ ਪਰੰਪਰਾ ਵੀ ਕਾਇਮ ਰਹੇਗੀ ਅਤੇ ਗ਼ਰੀਬ ਕਾਰੀਗਰਾਂ ਦੀ ਦੀਵਾਲੀ ਵੀ ਖ਼ੁਸ਼ੀਆਂ ਨਾਲ ਭਰਪੂਰ ਹੋਵੇਗੀ। ਇਸ ਮੌਕੇ ਚੇਅਰਮੈਨ ਪਵਨ ਕੌੜਾ, ਸਰਪ੍ਰਸਤ ਜਤਿੰਦਰ ਸਿੰਘ ਬੇਦੀ ਅਤੇ ਮਹਿਲਾ ਸੀ.ਵਾਈਸ ਪ੍ਰਧਾਨ ਗੀਤਾ ਨੰਦਾ ਆਰਿਆ ਨੇ ਦੱਸਿਆ ਕਿ ਇਸ ਦੀਵਾਲੀ 'ਤੇ ਖੱਤਰੀ ਸਭਾ ਵਲੋਂ ਮੰਦਰਾਂ ਅਤੇ ਸਲੱਮ ਬਸਤੀਆਂ ਵਿਚ ਦੀਵੇ ਜਲਾਉਣ ਅਤੇ ਗ਼ਰੀਬ ਬੱਚਿਆਂ ਵਿਚ ਮਿਠਾਈ ਵੰਡਣ ਦਾ ਪ੍ਰੋਗਰਾਮ ਵੀ ਕੀਤਾ ਜਾਵੇਗਾ। ਇਸ ਮੌਕੇ ਕੈਸ਼ੀਅਰ ਤਰਸੇਮ ਜੰਡ, ਵਾਈਸ ਪ੍ਰਧਾਨ ਵਿਜੈ ਧਵਨ, ਸ਼ਿਵ ਚੋਪੜਾ, ਪ੍ਰੋਜੈਕਟ ਇੰਚਾਰਜ ਸੋਨੂ ਧਵਨ, ਰਾਜ ਕੁਮਾਰ, ਲਵਲੀਨ ਜੰਡ, ਵਿਸ਼ਵ ਸਮੇਤ ਹੋਰ ਮੈਂਬਰ ਹਾਜ਼ਰ ਸਨ।




ਦੀਵਾਲੀ ਦਾ ਤਿਉਹਾਰ ਮਨਾਉਂਦੇ ਹੋਏ ਅਧਿਆਪਕ ਅਤੇ ਕਮੇਟੀ ਮੈਂਬਰ। ਤਸਵੀਰ: ਪਰਮਜੀਤ ਸਿੰਘ

# ਯੂ.ਕੇ. ਇੰਟਰਨੈਸ਼ਨਲ ਸਕੂਲ ਵਿਚ ਦੀਵਾਲੀ ਉਤਸਵ ਮਨਾਇਆ

ਧਰਮਕੋਟ, 19 ਅਕਤੂਬਰ (ਪਰਮਜੀਤ ਸਿੰਘ)-ਯੂ.ਕੇ. ਇੰਟਰਨੈਸ਼ਨਲ ਸਕੂਲ ਵਿਚ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਸਜਾਉਣ ਦੀ ਗਤੀਵਿਧੀ ਨਾਲ ਹੋਈ, ਜਿਸ ਵਿਚ ਵਿਦਿਆਰਥੀਆਂ ਨੇ ਸੁੰਦਰ ਮਿੱਟੀ ਦੇ ਦੀਵੇ ਸਜਾ ਕੇ ਆਪਣੀ ਰਚਨਾਤਮਿਕਤਾ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਬਾਅਦ ਇੰਟਰ ਹਾਊਸ ਰੰਗੋਲੀ ਮੁਕਾਬਲਾ ਹੋਇਆ, ਜਿਸ ਨਾਲ ਪੂਰਾ ਸਕੂਲ ਰੰਗਾਂ ਨਾਲ ਚਮਕ ਉੱਠਿਆ। ਕਿੰਡਰਗਾਰਟਨ ਦੇ ਬੱਚੇ ਰੰਗ-ਬਰੰਗੇ ਪਹਿਰਾਵੇ ਵਿਚ ਸਕੂਲ ਆਏ, ਜਿਨ੍ਹਾਂ ਨੇ ਸਮਾਰੋਹ ਵਿਚ ਚਾਰ ਚੰਨ ਲਾ ਦਿੱਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਰੋਜ਼ੀ ਮਹਿਤਾ ਨੇ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਰਾਣਾ ਬਾਸੀ, ਬਲਕਾਰ ਸਿੰਘ, ਬਲਿਹਾਰ ਸਿੰਘ ਅਤੇ ਕੁਲਵੰਤ ਸਿੰਘ ਚੀਮਾ ਨੇ ਵੀ ਸਾਰੇ ਅਧਿਆਪਕਾਂ ਅਤੇ ਸਹਾਇਕਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ।

# ਪਿੰਡ ਅਜੀਤਵਾਲ ਦੇ ਕਈ ਪਰਿਵਾਰ ਅਕਾਲੀ ਦਲ 'ਚ ਸ਼ਾਮਿਲ

ਅਜੀਤਵਾਲ, 19 ਅਕਤੂਬਰ (ਹਰਦੇਵ ਸਿੰਘ ਮਾਨ)- ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਅਤੇ ਸੀਨੀਅਰ ਆਗੂ ਖਣਮੁੱਖ ਭਾਰਤੀ ਪੱਤੋ ਨੇ ਪਿੰਡ ਅਜੀਤਵਾਲ ਵਿਖੇ ਰੱਖੇ ਪਾਰਟੀ ਇਕੱਠ ਦੌਰਾਨ ਸੰਬੋਧਨ ਕਰਦਿਆਂ ਦੱਸਿਆ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡਾਂ 'ਚੋਂ ਹਰ ਰੋਜ਼ ਲੋਕ ਆਪ ਮੁਹਾਰੇ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੇ ਹਨ ਤੇ ਅੱਜ ਪਿੰਡ ਅਜੀਤਵਾਲ ਤੋਂ ਕਰੀਬ 25 ਪਰਿਵਾਰਾਂ ਦੇ ਨੁਮਾਇੰਦਿਆਂ ਨੇ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਿਲ ਹੋ ਕੇ ਪਾਰਟੀ ਦੇ ਪਰਿਵਾਰ ਵਿਚ ਵਾਧਾ ਕੀਤਾ ਹੈ। ਹਲਕੇ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਹਾਜ਼ਰੀ ਨਾਲ ਹੋਏ ਇਕੱਠ ਦੌਰਾਨ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਵਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਗਏ ਤੇ ਪੰਜਾਬ ਦਾ ਹਰ ਵਰਗ ਦੁਖੀ ਤੇ ਨਿਰਾਸ਼ ਹੈ, ਹੁਣ ਹਾਲਾਤ ਇਹ ਹਨ ਕਿ ਪੰਜਾਬ ਵਾਸੀ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਮੁੜ ਪੰਜਾਬ ਵਿਚ ਵੇਖਣ ਲਈ ਕਾਹਲੇ ਹਨ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਵਲੋਂ ਸਮੁੱਚੇ ਅਕਾਲੀ ਦਲ ਤੇ ਪੰਜਾਬ ਵਾਸੀਆਂ ਨਾਲ ਹੜ੍ਹਾਂ ਮਾਰੇ ਇਲਾਕੇ ਵਿਚ ਕੀਤੀ ਸੇਵਾ ਨੇ ਲੋਕਾਂ ਵਿੱਚ ਅਕਾਲੀ ਦਲ ਦੀ ਦਿੱਖ ਨੂੰ ਹੋਰ ਉੱਚਾ ਕੀਤਾ ਹੈ। ਇਸ ਮੌਕੇ ਸਰਕਲ ਪ੍ਰਧਾਨ ਸੁਰਜੀਤ ਸਿੰਘ ਝੰਡੇਆਣਾ, ਸਰਕਲ ਪ੍ਰਧਾਨ ਜਗਮੋਹਨ ਸਿੰਘ ਕੋਕਰੀ, ਪ੍ਰਧਾਨ ਪ੍ਰੀਤਮ ਸਿੰਘ, ਬਲਪ੍ਰੀਤ ਸਿੰਘ ਢੁੱਡੀਕੇ, ਕੁਲਦੀਪ ਸਿੰਘ ਮਧੇਕੇ, ਸੌਦਾਗਰ ਸਿੰਘ, ਹਰਮੇਲ ਸਿੰਘ, ਹਰਚੰਦ ਸਿੰਘ, ਜਗਦੀਸ਼ ਸਿੰਘ, ਛਿੰਦਰਪਾਲ ਸੀ. ਆਗੂ ਅਜੀਤਪਾਲ ਸਿੰਘ, ਗੁਰਬਖ਼ਸ਼ ਸਿੰਘ ਰਣੀਆਂ ਵੀ ਮੌਜੂਦ ਰਹੇ। ਆਪਣੇ ਸੰਬੋਧਨ ਦੌਰਾਨ ਖਣਮੁੱਖ ਭਾਰਤੀ ਪੱਤੋ ਨੇ ਕਿਹਾ ਪੂਰਨ ਪੱਤੋ ਦੀ ਸ਼ਲਾਘਾ ਕੀਤੀ ਜਿਨ੍ਹਾਂ ਦੀ ਪ੍ਰੇਰਨਾ ਨਾਲ ਸੁਖਜਿੰਦਰ ਸਿੰਘ ਉਦੈਮ ਤੇ ਇਹ ਪਰਿਵਾਰ ਅਕਾਲੀ ਦਲ ਨਾਲ ਜੁੜੇ ਹਨ। ਆਗੂਆਂ ਨੇ ਪਾਰਟੀ ਵਿਚ ਸ਼ਾਮਿਲ ਹੋਣ ਵਾਲਿਆਂ ਨੂੰ ਭਰੋਸਾ ਦਵਾਇਆ ਕਿ ਸਭ ਨੂੰ ਪਾਰਟੀ ਵਿਚ ਮਾਣ-ਸਨਮਾਨ ਅਤੇ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਡਾ. ਨਿਰਮਲ ਸਿੰਘ, ਨੰਬਰਦਾਰ ਸਿਕੰਦਰ ਸਿੰਘ, ਨੰਬਰਦਾਰ ਪ੍ਰੀਤਮ ਸਿੰਘ, ਰੇਸ਼ਮ ਸਿੰਘ ਚੂਹੜਚੱਕ, ਅਤਿੰਦਰ ਸਿੰਘ (ਪੀ.ਏ), ਸਾਬਕਾ ਪੰਚ ਜੱਗਾ ਸਿੰਘ, ਤੇਜਾ ਸਿੰਘ, ਅਵਤਾਰ ਸਿੰਘ, ਦੂਧ ਨਾਥ, ਗੁਰਭਾਗ ਸਿੰਘ, ਸਿੰਘ, ਮਹਿੰਦਰ ਸਿੰਘ ਸਮੇਤ ਪਿੰਡ ਵਾਸੀ ਮੌਜੂਦ ਸਨ। ਇਸ ਦੌਰਾਨ ਪਾਰਟੀ ਆਗੂਆਂ ਵਲੋਂ ਅਕਾਲੀ ਦਲ 'ਚ ਸ਼ਾਮਿਲ ਹੋਏ ਪਰਿਵਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ।




ਪਿੰਡ ਅਜੀਤਵਾਲ ਵਿਖੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨਾਲ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋ ਤੇ ਸਰਕਲ ਆਗੂ ਤੇ ਹੋਰ। ਅਜੀਤ ਤਸਵੀਰ



ਨਿਊ ਗਰੀਨ ਗਰੋਵ ਪਬਲਿਕ ਸਕੂਲ ਲੰਢੇਕੇ ਮੋਗਾ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਸਮੇਂ ਸਕੂਲ ਸਟਾਫ਼ ਤੇ ਵਿਦਿਆਰਥੀ। ਤਸਵੀਰ: ਹਰਜੀਤ ਸਿੰਘ

# ਨਿਊ ਗਰੀਨ ਗਰੋਵ ਪਬਲਿਕ ਸਕੂਲ ਲੰਢੇਕੇ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਨਿਊ ਗਰੀਨ ਗਰੋਵ ਪਬਲਿਕ ਸਕੂਲ ਲੰਢੇਕੇ ਮੋਗਾ ਵਿਚ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ। ਸਕੂਲ ਨੂੰ ਰੰਗ-ਬਰੰਗੀਆਂ ਲਾਈਟਾਂ, ਦੀਵਿਆਂ ਅਤੇ ਫੁੱਲਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ। ਵਿਦਿਆਰਥੀਆਂ ਵਲੋਂ ਦੀਵਾਲੀ ਦੇ ਮਹੱਤਵ 'ਤੇ ਸੁੰਦਰ ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨਿਸ਼ਾ ਅਰੋੜਾ ਨੇ ਵਿਦਿਆਰਥੀਆਂ ਨੂੰ ਸਿੱਖਿਆ ਦਿੱਤੀ ਕਿ ਸਾਨੂੰ ਦੀਵਾਲੀ 'ਤੇ ਸਿਰਫ਼ ਘਰ ਹੀ ਨਹੀਂ ਸਗੋਂ ਆਪਣੇ ਮਨ ਨੂੰ ਵੀ ਰੌਸ਼ਨ ਕਰਨਾ ਚਾਹੀਦਾ ਹੈ। ਸਕੂਲ ਵਲੋਂ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ ਗਿਆ ਤੇ ਵਿਦਿਆਰਥੀਆਂ ਨੂੰ ਪਟਾਕੇ ਨਾ ਚਲਾਉਣ ਲਈ ਪ੍ਰੇਰਿਤ ਕੀਤਾ ਗਿਆ। ਸਾਰੇ ਵਿਦਿਆਰਥੀ ਖ਼ੁਸ਼ੀ ਅਤੇ ਉਤਸ਼ਾਹ ਨਾਲ ਭਰਪੂਰ ਨਜ਼ਰ ਆਏ ਅਤੇ ਤਿਉਹਾਰ ਨੂੰ ਏਕਤਾ ਅਤੇ ਪਿਆਰ ਦਾ ਪ੍ਰਤੀਕ ਮੰਨਦੇ ਹੋਏ ਮਨਾਇਆ।



ਡੀ.ਐਸ. ਬਲੌਸਮ ਸਕੂਲ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਰੰਗੋਲੀ ਬਣਾਉਂਦੇ ਅਧਿਆਪਕ। ਤਸਵੀਰ: ਹਰਜੀਤ ਸਿੰਘ

# ਡੀ.ਐਸ. ਬਲੌਸਮ ਸਕੂਲ ਵਿਖੇ ਗਰੀਨ ਦੀਵਾਲੀ ਮਨਾਈ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਡੀ.ਐਸ. ਬਲੌਸਮ ਹਾਈ ਸਕੂਲ ਨਾਨਕ ਨਗਰੀ ਮੋਗਾ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਪ੍ਰੇਮ ਚੰਦ ਗੁਪਤਾ, ਡਾਇਰੈਕਟਰ ਮੇਜਰ ਸਤਿੰਦਰ ਸਿੰਘ, ਪ੍ਰਿੰਸੀਪਲ ਤੇਜਿੰਦਰ ਸਿੰਘ ਤੇ ਵਾਈਸ ਪ੍ਰਿੰਸੀਪਲ ਅਮਨਦੀਪ ਕੌਰ ਨੇ ਬੱਚਿਆਂ ਨੂੰ ਦੀਵਾਲੀ ਦੀ ਮਹੱਤਤਾ ਸਬੰਧੀ ਕਿਹਾ ਕਿ ਦੀਵਾਲੀ ਦਾ ਤਿਉਹਾਰ ਇਕ ਆਪਸੀ ਸਾਂਝ ਤੇ ਭਾਈਚਾਰਕ ਦਾ ਤਿਉਹਾਰ ਹੈ। ਇਹ ਤਿਉਹਾਰ ਹਿੰਦੂਆਂ ਤੇ ਸਿੱਖਾਂ ਦਾ ਸਾਂਝਾ ਤਿਉਹਾਰ ਹੈ। ਸਾਨੂੰ ਅਜਿਹੇ ਖ਼ੁਸ਼ੀਆਂ ਦੇ ਤਿਉਹਾਰ ਰਲ ਮਿਲ ਕੇ ਮਿਲਾਉਣੇ ਚਾਹੀਦੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਕਿਹਾ ਕਿ ਇਸ ਦਿਨ ਪਟਾਕੇ ਨਾ ਚਲਾ ਕੇ ਸਗੋਂ ਇਕ ਬੂਟਾ ਲਗਾ ਕੇ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਮੌਕੇ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਰੰਗੋਲੀਆਂ ਤੇ ਦੀਵੇ ਬਣਾਏ। ਅੰਤ ਵਿਚ ਪ੍ਰਿੰਸੀਪਲ ਨੇ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਸਾਰੀਆਂ ਨੂੰ ਵਧਾਈ ਦਿੱਤੀ।

# ਬੱਚਿਆਂ ਨੂੰ ਹਰੀ ਦੀਵਾਲੀ ਮਨਾਉਣ ਲਈ ਪ੍ਰੇਰਿਤ ਕਰਨ ਦੀ ਲੋੜ-ਤੇਜਿੰਦਰ ਸਿੰਘ ਜਸ਼ਨ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ ਨੇ ਦੀਵਾਲੀ ਦੇ ਖ਼ੁਸ਼ੀਆਂ ਭਰੇ ਤਿਉਹਾਰ ਨੂੰ 'ਹਰੀ ਦੀਵਾਲੀ' ਵਜੋਂ ਮਨਾਉਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਜਦੋਂ ਸਾਡੇ ਦੇਸ਼ ਵਿਚ ਪ੍ਰਦੂਸ਼ਣ ਸਭ ਹੱਦਾਂ ਬੰਨੇ ਟੱਪ ਚੁੱਕਾ ਹੈ ਅਤੇ ਹਵਾਵਾਂ ਵਿਚ ਘੁਲ਼ੀ ਜ਼ਹਿਰ ਕਾਰਨ ਲੋਕ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਨਾਲ ਜੂਝ ਰਹੇ ਨੇ ਅਜਿਹੇ ਵਕਤ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਖ਼ੁਦ ਵੀ ਪਟਾਕਿਆਂ ਤੋਂ ਗੁਰੇਜ਼ ਕਰੀਏ ਅਤੇ ਬੱਚਿਆਂ ਨੂੰ ਵੀ ਪਟਾਕੇ ਚਲਾਉਣ ਤੋਂ ਵਰਜਦਿਆਂ ਰੰਗੋਲੀ ਸਜਾਉਣ, ਪੌਦੇ ਲਗਾਉਣ ਅਤੇ ਘਰ ਵਿਚ ਹੀ ਤਿਆਰ ਕੀਤੀਆਂ ਮਠਿਆਈਆਂ ਦੀ ਭਰਪੂਰ ਵਰਤੋਂ ਕਾਰਨ ਲਈ ਪ੍ਰੇਰਿਤ ਕਰੀਏ। ਉਨ੍ਹਾਂ ਡਿਪਟੀ ਕਮਿਸ਼ਨਰ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਵੀ ਅਪੀਲ ਕੀਤੀ। ਤੇਜਿੰਦਰ ਸਿੰਘ ਜਸ਼ਨ ਨੇ ਆਮ ਲੋਕਾਂ ਨੂੰ ਬੇਲੋੜੀ ਖ਼ਰੀਦਦਾਰੀ ਤੋਂ ਬਚਣ ਅਤੇ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਦੇਸੀ ਵਸਤੂਆਂ ਖ਼ਾਸ ਕਰ ਮਿੱਟੀ ਦੇ ਦੀਵੇ ਅਤੇ ਹਟੜੀਆਂ ਆਦਿ ਖ਼ਰੀਦਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਨੂੰ ਸੁਰੱਖਿਅਤ ਅਤੇ ਸੁਚੇਤ ਢੰਗ ਨਾਲ ਮਨਾਉਣ ਦੇ ਨਾਲ-ਨਾਲ ਮਿਲਾਵਟੀ ਸਾਮਾਨ ਤੋਂ ਬਚਣ ਅਤੇ ਖ਼ੁਸ਼ਹਾਲ ਜੀਵਨ ਸ਼ੈਲੀ ਅਪਣਾਉਣ ਦਾ ਅਹਿਦ ਲੈਣ ਦੀ ਵੀ ਲੋੜ ਹੈ।



ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ



ਜੀ.ਐਨ. ਸਕੂਲ ਭਲੂਰ ਦੇ ਬੱਚੇ ਦੀਵਾਲੀ ਮਨਾਉਣ ਸਮੇਂ। ਤਸਵੀਰ : ਨਵਦੀਪ ਸਿੰਘ

# ਜੀ.ਐਨ. ਕਾਨਵੈਂਟ ਸਕੂਲ 'ਚ ਮਨਾਇਆ ਦੀਵਾਲੀ ਦਾ ਤਿਉਹਾਰ

ਨੱਥੂਵਾਲਾ ਗਰਬੀ, 19 ਅਕਤੂਬਰ (ਨਵਦੀਪ ਸਿੰਘ)-ਅੱਜ ਜੀ.ਐਨ. ਕਾਨਵੈਂਟ ਸਕੂਲ ਭਲੂਰ ਵਿਖੇ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ ਸਭਿਆਚਾਰਕ ਅਤੇ ਵਿਰਾਸਤੀ ਗਤੀਵਿਧੀਆਂ ਪੇਸ਼ ਕੀਤੀਆਂ। ਦੀਵਾਲੀ ਦੇ ਸ਼ੁੱਭ ਮੌਕੇ 'ਤੇ ਬੱਚਿਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਖ਼ੂਬਸੂਰਤ ਰੰਗੋਲੀਆਂ ਬਣਾਈਆਂ ਅਤੇ ਕਈ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ। ਇਸ ਦੇ ਨਾਲ ਹੀ ਵਿਦਿਆਰਥੀਆਂ ਵਿਚ ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ ਅਤੇ ਦਸਤਾਰ ਸਜਾਊਂ ਮੁਕਾਬਲੇ ਵਿਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ। ਪ੍ਰੋਗਰਾਮ ਦੇ ਅੰਤ ਵਿਚ, ਸਕੂਲ ਦੀ ਪ੍ਰਬੰਧਨ ਕਮੇਟੀ ਅਤੇ ਪ੍ਰਿੰਸੀਪਲ ਨੇ ਬੱਚਿਆਂ ਨੂੰ ਦੀਵਾਲੀ ਦੀ ਵਧਾਈ ਦਿੱਤੀ ਅਤੇ ਹਰੀ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਪਟਾਕਿਆਂ ਅਤੇ ਪ੍ਰਦੂਸ਼ਣ ਤੋਂ ਦੂਰ ਰਹਿਣ ਅਤੇ ਵਾਤਾਵਰਣ ਦੀ ਸੰਭਾਲ ਲਈ ਜਾਗਰੂਕ ਹੋਣ ਲਈ ਪ੍ਰੇਰਿਤ ਕੀਤਾ। ਅੰਤ ਵਿਚ ਸਾਰੇ ਬੱਚਿਆਂ ਨੂੰ ਮਠਿਆਈ ਵੰਡੀ ਗਈ।

# ਅੱਜ ਲੱਗੇਗਾ ਦੀਵਾਲੀ ਲਈ ਦੇਸੀ ਘਿਉ 'ਚ ਤਿਆਰ ਮਠਿਆਈਆਂ ਦਾ ਕਿਸਾਨ ਬਾਜ਼ਾਰ-ਹਰਜੀਤ ਸਿੰਘ

ਮੋਗਾ, 19 ਅਕਤੂਬਰ (ਗੁਰਤੇਜ ਸਿੰਘ ਬੱਬੀ)-ਮੋਗਾ ਵਿਖੇ ਉੱਦਮੀ ਕਿਸਾਨਾਂ ਵਲੋਂ ਜ਼ਹਿਰ ਮੁਕਤ ਆਰਗੈਨਿਕ ਤਰੀਕੇ ਨਾਲ ਉਗਾਈਆਂ ਖਾਣ ਪੀਣ ਵਾਲੀਆਂ ਵਸਤੂਆਂ ਦਾ ਬਾਜ਼ਾਰ ਸਥਾਨਕ ਸ਼ਹਿਰ ਦੇ ਨੇਚਰ ਪਾਰਕ ਵਿਚ ਲੱਗਦਾ ਹੈ ਪਰ ਇਸ ਵਾਰ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਅੱਜ 20 ਅਕਤੂਬਰ ਦਿਨ ਸੋਮਵਾਰ ਨੂੰ ਉਸੇ ਸਥਾਨ 'ਤੇ ਕਿਸਾਨ ਬਾਜ਼ਾਰ ਲੱਗੇਗਾ। ਇਸ ਸਬੰਧੀ ਏਕਮ ਆਰਗੈਨਿਕ ਫਾਰਮ ਦੇ ਸੰਚਾਲਕ ਹਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਕਿਸਾਨ ਬਾਜ਼ਾਰ ਵਿਚ ਦੇਸੀ ਘਿਉ ਵਿਚ ਤਿਆਰ ਕੀਤੀਆਂ ਮਠਿਆਈਆਂ, ਬਿਸਕੁਟ, ਪੰਜੀਰੀ ਅਤੇ ਜਲੇਬੀਆਂ ਦੇ ਸਟਾਲ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੀ ਵਿਸ਼ੇਸ਼ਤਾ ਇਹ ਹੋਵੇਗੀ ਕਿ ਇਸ ਵਿਚ ਕੋਈ ਵੀ ਬਾਜ਼ਾਰੂ ਚੀਜ਼ ਨਹੀਂ ਵਰਤੀ ਜਾਵੇਗੀ।



ਹਰਜੀਤ ਸਿੰਘ ਸਿੱਧੂ।

# ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ

ਮੋਗਾ, 19 ਅਕਤੂਬਰ (ਅਸ਼ੋਕ ਬਾਂਸਲ)- ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ ਜਨਰਲ ਸਕੱਤਰ ਪਰਮਜੀਤ ਸਿੰਘ ਚੂਹੜਚੱਕ ਦੀ ਪ੍ਰਧਾਨਗੀ ਹੇਠ ਹੋਈ। ਮੰਚ ਸੰਚਾਲਨ ਦੀ ਭੂਮਿਕਾ ਮੀਤ ਗੁਰਮੀਤ ਨੇ ਨਿਭਾਈ। ਸਾਹਿਤਕਾਰਾਂ ਨੇ ਦੇਸ਼ ਵਾਸੀਆਂ ਨੂੰ ਦੀਵਾਲੀ, ਬੰਦੀ ਛੋੜ ਦਿਵਸ ਤੇ ਵਿਸ਼ਵਕਰਮਾ ਦਿਵਸ ਦੀ ਵਧਾਈ ਦਿੰਦਿਆਂ ਸਭ ਲਈ ਸ਼ੁੱਭ ਇੱਛਾਵਾਂ ਭੇਜੀਆਂ। ਇਸ ਮੌਕੇ ਸਾਹਿਤਕਾਰਾਂ ਨੇ ਮਹਿਫ਼ਲ ਸਜਾਈ ਜਿਸ ਵਿਚ ਬਲਬੀਰ ਸਿੰਘ ਪਰਦੇਸੀ ਅਤੇ ਜੰਗੀਰ ਖੋਖਰ ਨੇ ਗ਼ਜ਼ਲਾਂ, ਸਾਹਿਤ ਦਾ ਬਾਬਾ ਬੋਹੜ ਜੋਧ ਸਿੰਘ ਮੋਗਾ ਨੇ ਸਾਹਿਤ ਦਾ ਟੈਸਟ ਰਚਨਾ, ਨਾਵਲਕਾਰ ਨਛੱਤਰ ਸਿੰਘ ਪ੍ਰੇਮੀ ਨੇ ਨਾਵਲ ਬਾਰੇ, ਪਰਮਜੀਤ ਸਿੰਘ ਚੂਹੜਚੱਕ ਨੇ ਸ਼ੇਅਰ, ਅਰਸ਼ਦੀਪ ਸਿੰਘ ਨੇ ਗੀਤ ਧੀਆਂ, ਠਾਣਾ ਸਿੰਘ ਜਲਾਲਾਬਾਦੀ, ਗੁਰਨਾਮ ਸਿੰਘ ਗਾਮਾ ਤੇ ਸੋਨੀ ਮੋਗਾ ਨੇ ਗੀਤ ਪੇਸ਼ ਕੀਤੇ। ਇਸ ਮੌਕੇ ਗੀਤਕਾਰ ਰਾਜਵੀਰ ਜਵੰਦਾ ਦੀ ਮੌਤ 'ਤੇ ਦੋ ਮਿੰਟ ਦਾ ਮੋਨ ਰੱਖਿਆ ਗਿਆ।